ਪਿੰਡ ਭੂਰਾ ਕੋਹਨਾ ਵਿਖੇ ਹਲਕਾ ਵਿਧਾਇਕ ਅਤੇ ਡਿਪਟੀ ਕਮਿਸ਼ਨਰ ਨੇ ਮਗਨਰੇਗਾ ਤਹਿਤ ਬਣਨ ਵਾਲੇ ਆਂਗਣਵਾੜੀ ਕੇਂਦਰ ਅਤੇ ਨਿਕਾਸੀ ਨਾਲੇ ਦਾ ਰੱਖਿਆ ਨੀਂਹ ਪੱਥਰ

ਸਵੱਛਤਾ ਹੀ ਸੇਵਾ" ਪੰਦਰਵਾੜੇ ਤਹਿਤ ਪਿੰਡਾਂ ਦੇ ਲੋਕਾਂ ਨੂੰ ਆਪਣਾ ਆਲਾ-ਦੁਆਲਾ ਸਾਫ਼-ਸੁਥਰਾ ਰੱਖਣ ਲਈ ਪ੍ਰੇਰਿਆ

ਮਗਨਰੇਗਾ ਸਕੀਮ ਤਹਿਤ ਜ਼ਿਲ੍ਹੇ ਦੇ ਲੋਕਾਂ ਨੂੰ ਮਿਲੇਗਾ ਰੋਜ਼ਗਾਰ : ਡਿਪਟੀ ਕਮਿਸ਼ਨਰ

ਤਰਨਤਾਰਨ, 18 ਸਤੰਬਰ :

ਹਲਕਾ ਖੇਮਕਰਨ ਦੇ ਵਿਧਾਇਕ ਸ੍ਰ. ਸੁਖਪਾਲ ਸਿੰਘ ਭੁੱਲਰ ਅਤੇ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਅੱਜ ਪਿੰਡ ਭੂਰਾ ਕੋਹਨਾ, ਬਲਾਕ ਵਲਟੋਹਾ ਵਿਖੇ ਮਗਨਰੇਗਾ ਤਹਿਤ ਬਣਨ ਵਾਲੇ ਆਂਗਣਵਾੜੀ ਕੇਂਦਰ ਅਤੇ ਨਿਕਾਸੀ ਨਾਲੇ ਦਾ ਨੀਂਹ ਪੱਥਰ ਰੱਖਿਆ ਅਤੇ "ਸਵੱਛਤਾ ਹੀ ਸੇਵਾ" ਪੰਦਰਵਾੜੇ ਤਹਿਤ ਸਫ਼ਾਈ ਅਭਿਆਨ ਦੀ ਸ਼ੁਰੂਆਤ ਕੀਤੀ। ਇਸ ਮੌਕੇ ਐਸ.ਡੀ.ਐਮ. ਪੱਟੀ ਸ੍ਰੀ ਸੁਰਿੰਦਰ ਸਿੰਘ, ਬੀ.ਡੀ.ਪੀ.ਓ. ਵਲਟੋਹਾ ਸ੍ਰੀ ਲਾਲ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਅਤੇ ਪ੍ਰਮੁੱਖ ਆਗੂ ਵੀ ਹਾਜ਼ਰ ਸਨ।



ਇਸ ਮੌਕੇ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਸ੍ਰ. ਸੁਖਪਾਲ ਸਿੰਘ ਭੁੱਲਰ ਨੇ ਕਿਹਾ ਕਿ ਮਗਨਰੇਗਾ ਸਕੀਮ ਤਹਿਤ ਪਿੰਡਾਂ ਦੇ ਲੋਕਾਂ ਨੂੰ ਵੱਧ ਤੋਂ ਵੱਧ ਕੰਮ ਦਿੱਤਾ ਜਾ ਰਿਹਾ ਹੈ। ਇਸ ਨਾਲ ਜਿਥੇ ਪਿੰਡਾਂ ਦਾ ਵੱਡੇ ਪੱਧਰ 'ਤੇ ਵਿਕਾਸ ਹੋਵੇਗਾ, ਉਥੇ ਗ਼ਰੀਬ ਵਰਗ ਦੇ ਲੋਕਾਂ ਨੂੰ ਰੋਜ਼ਗਾਰ ਵੀ ਮੁਹੱਈਆ ਹੋਵੇਗਾ। ਇਸ ਮੌਕੇ ਉਨ੍ਹਾਂ "ਸਵੱਛਤਾ ਹੀ ਸੇਵਾ" ਪੰਦਰਵਾੜੇ ਤਹਿਤ ਪਿੰਡਾਂ ਦੇ ਲੋਕਾਂ ਨੂੰ ਆਪਣਾ ਆਲਾ-ਦੁਆਲਾ ਸਾਫ਼-ਸੁਥਰਾ ਰੱਖਣ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਸਰਹੱਦੀ ਖੇਤਰ ਵਿੱਚ ਨਸ਼ਿਆਂ ਨੂੰ ਖ਼ਤਮ ਕਰਨਾ ਸਾਡਾ ਮੁੱਢਲਾ ਫ਼ਰਜ਼ ਹੈ ਅਤੇ ਨੌਜਵਾਨਾਂ ਦੀ ਜਿੰਦਗੀ ਬਚਾਉਣ ਦੇ ਲਈ ਸਾਨੂੰ ਸਾਰਿਆਂ ਨੂੰ ਇਸ ਭੈੜੀ ਲਾਹਨਤ ਨੂੰ ਜੜ੍ਹੋਂ ਖ਼ਤਮ ਕਰਨ ਲਈ ਪ੍ਰਸ਼ਾਸਨ ਅਤੇ ਸਰਕਾਰ ਨੂੰ ਸਹਿਯੋਗ ਦੇਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀ ਲੋਕ ਭਲਾਈ ਦੀਆਂ ਸਕੀਮਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਦੇ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਗ਼ਰੀਬ ਵਰਗ ਦੇ ਲੋਕਾਂ ਨੂੰ ਆਟਾ-ਦਾਲ ਸਕੀਮ ਦੇ ਤਹਿਤ ਲੋੜੀਂਦੀ ਕਣਕ ਸਮੇਂ ਸਿਰ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਸਵੱਛ ਭਾਰਤ ਮਿਸ਼ਨ ਦੇ ਤਹਿਤ ਪਿੰਡਾਂ ਵਿੱਚ ਲੋੜਵੰਦ ਲੋਕਾਂ ਨੂੰ ਮੁਫ਼ਤ ਪਖਾਨੇ ਬਣਾ ਕੇ ਦਿੱਤੇ ਜਾ ਰਹੇ ਹੈ ਅਤੇ ਇਸ ਲਈ ਜ਼ਿਲ੍ਹੇ ਵਿੱਚ ਜੰਗੀ ਪੱਧਰ 'ਤੇ ਕੰਮ ਚੱਲ ਰਿਹਾ ਹੈ।



ਇਸ ਮੌਕੇ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਦੱਸਿਆ ਕਿ ਅੱਜ ਪਿੰਡ ਭੂਰਾ ਕੋਹਨਾ ਵਿਖੇ 5 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਆਂਗਣਵਾੜੀ ਕੇਂਦਰ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਇਸ ਤੋਂ ਇਲਾਵਾ ਪਿੰਡ ਵਿੱਚ 5 ਲੱਖ 72 ਹਜ਼ਾਰ ਰੁਪਏ ਦੀ ਲਾਗਤ ਨਾਲ ਨਿਕਾਸੀ ਨਾਲੇ ਦੀ ਉਸਾਰੀ ਕੀਤੀ ਜਾ ਰਹੀ ਹੈ ਅਤੇ ਪਿੰਡ ਦੀ ਫਿਰਨੀ ਦੇ ਨੇੜੇ ਛੱਪੜ ਦੀ ਖੁਦਾਈ ਕਰਨ ਦੇ ਲਈ ਡੇਢ ਲੱਖ ਰੁਪਏ ਖ਼ਰਚ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਹ ਸਾਰੇ ਕੰਮ ਸਰਕਾਰ ਵੱਲੋਂ ਚਲਾਈ ਜਾ ਰਹੀ ਮਗਨਰੇਗਾ ਸਕੀਮ ਦੇ ਤਹਿਤ ਕਰਵਾਏ ਜਾ ਰਹੇ ਹਨ। ਜਿਸ ਤਹਿਤ ਪਿੰਡ ਦੇ ਲੋਕਾਂ ਨੂੰ ਰੋਜ਼ਗਾਰ ਦੀ ਸਹੂਲਤ ਵੀ ਮੁਹੱਈਆ ਹੋਵੇਗੀ। ਉਨ੍ਹਾਂ ਦੱਸਿਆ ਕਿ ਮਗਨਰੇਗਾ ਸਕੀਮ ਦੇ ਤਹਿਤ ਜ਼ਿਲ੍ਹੇ ਦੇ ਪਿੰਡਾਂ ਵਿੱਚ ਵੱਖ-ਵੱਖ ਕੰਮਾਂ ਲਈ ਵੱਧ ਤੋਂ ਵੱਧ ਲੋਕਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਿਸ਼ਨ ਸਵੱਛ ਅਤੇ ਸਵਸਥ ਪੰਜਾਬ ਦੇ ਅਧੀਨ ਮਨਾਏ ਜਾ ਰਹੇ ਸਫ਼ਾਈ ਪੰਦਰਵਾੜੇ ਤਹਿਤ ਸਾਨੂੰ ਆਪਣਾ ਆਲਾ-ਦੁਆਲਾ ਸਾਫ਼ ਰੱਖਣ ਲਈ ਵੱਧ ਤੋਂ ਵੱਧ ਸਹਿਯੋਗ ਦੇਣਾ ਚਾਹੀਦਾ ਹੈ।

-------------------